ਕਾਨੜਾ ਮਹਲਾ ੪ ॥ ਜਪਿ ਮਨ ਰਾਮ ਨਾਮ ਪਰਗਾਸ ॥ ਹਰਿ ਕੇ ਸੰਤ ਮਿਲਿ ਪ੍ਰੀਤਿ ਲਗਾਨੀ ਵਿਚੇ ਗਿਰਹ ਉਦਾਸ ॥ ੧॥ ਰਹਾਉ ॥ ਹਮ ਹਰਿ ਹਿਰਦੈ ਜਪਿਓ ਨਾਮੁ ਨਰਹਰਿ ਪ੍ਰਭਿ ਕ੍ਰਿਪਾ ਕਰੀ ਕਿਰਪਾਸ ॥ ਅਨਦਿਨੁ ਅਨਦੁ ਭਇਆ ਮਨੁ ਬਿਗਸਿਆ ਉਦਮ ਭਏ ਮਿਲਨ ਕੀ ਆਸ ॥ ੧॥ ਹਮ ਹਰਿ ਸੁਆਮੀ ਪ੍ਰੀਤਿ ਲਗਾਈ ਜਿਤਨੇ ਸਾਸ ਲੀਏ ਹਮ ਗ੍ਰਾਸ ॥ ਕਿਲਬਿਖ ਦਹਨ ਭਏ ਖਿਨ ਅੰਤਰਿ ਤੂਟਿ ਗਏ ਮਾਇਆ ਕੇ ਫਾਸ ॥੨॥ ਕਿਆ ਹਮ ਕਿਰਮ ਕਿਆ ਕਰਮ ਕਮਾਵਹਿ ਮੂਰਖ ਮੁਗਧ ਰਖੇ ਪ੍ਰਭ ਤਾਸ ॥ ਅਵਗਨੀਆਰੇ ਪਾਥਰ ਭਾਰੇ ਸਤਸੰਗਤਿ ਮਿਲਿ ਤਰੇ ਤਰਾਸ ॥੩॥ ਜੇਤੀ ਸ੍ਰਿਸਟਿ ਕਰੀ ਜਗਦੀਸਰਿ ਤੇ ਸਭਿ ਊਚ ਹਮ ਨੀਚ ਬਿਖਿਆਸ ॥ ਹਮਰੇ ਅਵਗੁਨ ਸੰਗਿ ਗੁਰ ਮੇਟੇ ਜਨ ਨਾਨਕ ਮੇਲਿ ਲੀਏ ਪ੍ਰਭ ਪਾਸ ॥੪॥੩॥ {ਪੰਨਾ 1295}

ਪਦ ਅਰਥ:- ਜਪਿ—ਜਪਿਆ ਕਰ। ਮਨ—ਹੇ ਮਨ! ਪਰਗਾਸ—(ਆਤਮਕ ਜੀਵਨ ਦੀ ਸੂਝ ਦਾ) ਚਾਨਣ। ਮਿਲਿ—ਮਿਲ ਕੇ। ਗਿਰਹ—ਗ੍ਰਿਹਸਤ।1। ਰਹਾਉ।

ਹਮ—ਅਸੀਂ ਜੀਵ, ਜਿਹੜੇ ਪ੍ਰਾਣੀ। ਹਿਰਦੈ—ਹਿਰਦੇ ਵਿਚ। ਨਰਹਰਿ—ਪਰਮਾਤਮਾ। ਪ੍ਰਭਿ—ਪ੍ਰਭੂ ਨੇ। ਕਿਰਪਾਸ—(øpw_X) ਕਿਰਪਾਲ। ਅਨਦਿਨੁ—ਹਰ ਵੇਲੇ, ਹਰ ਰੋਜ਼ (Anuidnz)। ਬਿਗਸਿਆ—ਖਿੜ ਪਿਆ।1।

ਸਾਸ—ਸਾਹ। ਗ੍ਰਾਸ—ਗਿਰਾਹੀਆਂ। ਕਿਲਬਿਖ—ਪਾਪ। ਦਹਨ ਭਏ—ਸੜ ਗਏ। ਫਾਸ—ਫਾਹੀਆਂ।2।

ਕਿਰਮ—ਕੀੜੇ। ਮੁਗਧ—ਮੂਰਖ। ਪ੍ਰਭ ਤਾਸ—ਉਸ ਪ੍ਰਭੂ ਨੇ। ਤਰਾਸ—ਉਸ ਨੇ ਤਾਰ ਲਿਆ।3।

ਜਗਦੀਸਰਿ—ਜਗਤ ਦੇ ਈਸਰ ਨੇ। ਤੇ ਸਭਿ—ਉਹ ਸਾਰੇ। ਬਿਖਿਆਸੁ—ਵਿਸ਼ਿਆਂ ਵਿਚ ਫਸੇ ਹੋਏ। ਸੰਗਿ—ਨਾਲ। ਸੰਗਿ ਗੁਰ—ਗੁਰੂ ਦੀ ਸੰਗਤਿ ਵਿਚ।4।

ਅਰਥ:- ਹੇ ਮਨ! ਪਰਮਾਤਮਾ ਦਾ ਨਾਮ ਜਪਿਆ ਕਰ, (ਨਾਮ ਦੀ ਬਰਕਤਿ ਨਾਲ ਆਤਮਕ ਜੀਵਨ ਦੀ ਸੂਝ ਦਾ) ਚਾਨਣ (ਹੋ ਜਾਂਦਾ ਹੈ)। ਪਰਮਾਤਮਾ ਦੇ ਸੰਤ ਜਨਾਂ ਨੂੰ ਮਿਲ ਕੇ (ਜਿਨ੍ਹਾਂ ਦੇ ਅੰਦਰ ਪਰਮਾਤਮਾ ਦਾ) ਪਿਆਰ ਬਣ ਜਾਂਦਾ ਹੈ, ਉਹ ਗ੍ਰਿਹਸਤ ਵਿਚ ਹੀ (ਮਾਇਆ ਦੇ ਮੋਹ ਤੋਂ) ਨਿਰਲੇਪ ਰਹਿੰਦੇ ਹਨ।1। ਰਹਾਉ।

ਹੇ ਭਾਈ! ਕਿਰਪਾਲ ਪ੍ਰਭੂ ਨੇ (ਜਦੋਂ ਅਸਾਂ ਜੀਵਾਂ ਉੱਤੇ) ਮਿਹਰ ਕੀਤੀ, ਅਸਾਂ ਹਿਰਦੇ ਵਿਚ ਉਸ ਦਾ ਨਾਮ ਜਪਿਆ। (ਨਾਮ ਦੀ ਬਰਕਤਿ ਨਾਲ) ਹਰ ਵੇਲੇ (ਸਾਡੇ ਅੰਦਰ) ਆਨੰਦ ਬਣ ਗਿਆ, (ਸਾਡਾ) ਮਨ ਖਿੜ ਪਿਆ, (ਸਿਮਰਨ ਦਾ ਹੋਰ) ਉੱਦਮ ਹੁੰਦਾ ਗਿਆ, (ਪ੍ਰਭੂ ਨੂੰ) ਮਿਲਣ ਦੀ ਆਸ ਬਣਦੀ ਗਈ।1।

ਹੇ ਭਾਈ! ਅਸਾਂ ਜਿਨ੍ਹਾਂ ਜੀਵਾਂ ਦੇ ਅੰਦਰ ਪਰਮਾਤਮਾ ਦਾ ਪਿਆਰ ਬਣਿਆ (ਤੇ) ਜਿਨ੍ਹਾਂ ਨੇ ਹਰੇਕ ਸਾਹ ਦੇ ਨਾਲ ਹਰੇਕ ਗਿਰਾਹੀ ਦੇ ਨਾਲ (ਨਾਮ ਜਪਿਆ, ਉਹਨਾਂ ਦੇ) ਇਕ ਖਿਨ ਵਿਚ ਹੀ ਸਾਰੇ ਪਾਪ ਸੜ ਗਏ, ਮਾਇਆ ਦੀਆਂ ਫਾਹੀਆਂ ਟੁੱਟ ਗਈਆਂ।2।

ਪਰ, ਹੇ ਭਾਈ! ਅਸਾਂ ਜੀਵਾਂ ਦੀ ਕੀਹ ਪਾਂਇਆਂ ਹੈ? ਅਸੀਂ ਤਾਂ ਕੀੜੇ ਹਾਂ। ਅਸੀਂ ਕੀਹ ਕਰਮ ਕਰ ਸਕਦੇ ਹਾਂ? ਸਾਡੀ ਮੂਰਖਾਂ ਦੀ ਤਾਂ ਉਹ ਪ੍ਰਭੂ (ਆਪ ਹੀ) ਰੱਖਿਆ ਕਰਦਾ ਹੈ। ਅਸੀਂ ਔਗੁਣਾਂ ਨਾਲ ਭਰੇ ਰਹਿੰਦੇ ਹਾਂ, (ਔਗੁਣਾਂ ਦੇ ਭਾਰ ਨਾਲ) ਪੱਥਰ ਵਰਗੇ ਭਾਰੇ ਹਾਂ (ਅਸੀਂ ਕਿਵੇਂ ਇਸ ਸੰਸਾਰ-ਸਮੁੰਦਰ ਵਿਚੋਂ ਤਰ ਸਕਦੇ ਹਾਂ?) ਸਾਧ ਸੰਗਤਿ ਵਿਚ ਮਿਲ ਕੇ ਹੀ ਪਾਰ ਲੰਘ ਸਕਦੇ ਹਾਂ, (ਉਹ ਮਾਲਕ) ਪਾਰ ਲੰਘਾਂਦਾ ਹੈ।3।

ਹੇ ਭਾਈ! ਜਗਤ ਦੇ ਮਾਲਕ-ਪ੍ਰਭੂ ਨੇ ਜਿਤਨੀ ਭੀ ਸ੍ਰਿਸ਼ਟੀ ਰਚੀ ਹੈ (ਇਸ ਦੇ) ਸਾਰੇ ਜੀਵ ਜੰਤ (ਅਸਾਂ ਮਨੁੱਖ ਅਖਵਾਣ ਵਾਲਿਆਂ ਨਾਲੋਂ) ਉੱਚੇ ਹਨ, ਅਸੀਂ ਵਿਸ਼ੇ-ਵਿਕਾਰਾਂ ਵਿਚ ਪੈ ਕੇ ਨੀਵੇਂ ਹਾਂ। ਹੇ ਦਾਸ ਨਾਨਕ! ਪ੍ਰਭੂ ਸਾਡੇ

ਔਗੁਣ ਗੁਰੂ ਦੀ ਸੰਗਤਿ ਵਿਚ ਮਿਟਾਂਦਾ ਹੈ। ਗੁਰੂ ਸਾਨੂੰ ਪ੍ਰਭੂ ਨਾਲ ਮਿਲਾਂਦਾ ਹੈ।4।3।